ਹੁਸ਼ਿਆਰਪੁਰ ਮੁਕੇਰੀਆਂ
ਅਜੀਤ, ਜਲੰਧਰ
ਅਜੀਤ
ਸੋਮਵਾਰ, 20 ਅਕਤੂਬਰ 2025

ਡੀ. ਸੀ. ਆਸ਼ਿਕਾ ਜੈਨ ਨੇ ਬਿਰਧ ਆਸ਼ਰਮ ਤੇ ਆਬਜ਼ਰਵੇਸ਼ਨ ਹੋਮ 'ਚ ਮਨਾਈ ਦੀਵਾਲੀ

ਬਿਰਧ ਆਸ਼ਰਮ 'ਚ ਮਨਾਈ ਦੀਵਾਲੀ ਮੌਕੇ ਬਜ਼ੁਰਗਾਂ ਨੂੰ ਜ਼ਰੂਰਤ ਦਾ ਸਾਮਾਨ ਭੇਟ ਕਰਦੇ ਹੋਏ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਤੇ ਹੋਰ। ਤਸਵੀਰ : ਹਮਸ਼ਾਇਨ ਸਟੂਡੀਓ

ਹੁਸ਼ਿਆਰਪੁਰ, 19 ਅਕਤੂਬਰ (ਬਲਜਿੰਦਰਪਾਲ ਸਿੰਘ, ਹਰਪ੍ਰੀਤ ਕੌਰ)-ਦੀਵਾਲੀ ਦੇ ਪਵਿੱਤਰ ਤਿਉਹਾਰ ਸੰਬੰਧੀ ਰਾਮ ਕਾਲੋਨੀ ਕੈਂਪ ਸਥਿਤ ਬਿਰਧ ਆਸ਼ਰਮ ਤੇ ਆਬਜ਼ਰਵੇਸ਼ਨ ਹੋਮ ਵਿਖੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵਲੋਂ ਇਕ ਵਿਸ਼ੇਸ਼ ਪ੍ਰੋਗਰਾਮ ਕਰਵਾਇਆ। ਇਸ ਮੌਕੇ ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਰੈੱਡ ਕਰਾਸ ਸੁਸਾਇਟੀ ਆਸ਼ਿਕਾ ਜੈਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਉੱਥੇ ਮੌਜੂਦ ਬਜ਼ੁਰਗਾਂ ਤੇ ਬੱਚਿਆਂ ਨਾਲ ਦੀਵਾਲੀ ਦੀਆਂ ਖ਼ੁਸ਼ੀਆਂ ਸਾਂਝੀਆਂ ਕੀਤੀਆਂ। ਪ੍ਰੋਗਰਾਮ ਦੌਰਾਨ ਡਿਪਟੀ ਕਮਿਸ਼ਨਰ ਨੇ ਬਜ਼ੁਰਗਾਂ ਤੇ ਬੱਚਿਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਮਠਿਆਈਆਂ, ਤੋਹਫ਼ੇ ਤੇ ਹੋਰ ਜ਼ਰੂਰੀ ਵਸਤਾਂ ਭੇਟ ਕੀਤੀਆਂ। ਉਨ੍ਹਾਂ ਕਿਹਾ ਕਿ ਸਮਾਜ ਦੇ ਹਰੇਕ ਵਰਗ ਨੂੰ ਇਸ ਤਰ੍ਹਾਂ ਦੇ ਯਤਨਾਂ ਨਾਲ ਜੁੜਨਾ ਚਾਹੀਦਾ ਹੈ ਤਾਂ ਜੋ ਸਮਾਜਿਕ ਸਮਾਨਤਾ ਤੇ ਮਾਨਵੀ ਸੰਵੇਦਨਾਵਾਂ ਹੋਰ ਮਜ਼ਬੂਤ ਹੋਣ। ਰੈੱਡ ਕਰਾਸ ਸੁਸਾਇਟੀ ਵਲੋਂ ਬਿਰਧ ਆਸ਼ਰਮ ਦੇ 20 ਨਿਵਾਸੀਆਂ ਨੂੰ ਰਜਾਈ ਕਵਰ, ਊਨੀ ਬੈੱਡ-ਸ਼ੀਟਾਂ, ਮਠਿਆਈ ਤੇ ਡਰਾਈ ਫਰੂਟ ਮੁਹੱਈਆ ਕਰਵਾਇਆ। ਇਸ ਮੌਕੇ ਆਸ਼ਰਮ ਦੇ ਨਿਵਾਸੀਆਂ ਨੇ ਵੀ ਦੀਵਾਲੀ ਦੇ ਗੀਤ ਗਾ ਕੇ ਤੇ ਭਜਨਾਂ ਦੀ ਪੇਸ਼ਕਾਰੀ ਕਰਕੇ ਸਾਰਿਆਂ ਦਾ ਮਨ ਮੋਹ ਲਿਆ। ਆਬਜ਼ਰਵੇਸ਼ਨ ਹੋਮ ਦੇ ਬੱਚਿਆਂ ਨੂੰ ਦੀਵਾਲੀ ਤੋਹਫ਼ੇ ਵਜੋਂ 1 ਵਾਟਰ ਪਿਊਰੀਫਾਇਰ (ਆਰ. ਓ. ਸਿਸਟਮ), 2 ਸਮਾਰਟ ਐਲ. ਈ. ਡੀ. ਟੀ. ਵੀ. (55 ਇੰਚ), 20 ਸਲੀਪਿੰਗ ਮੈਟਰੈਸ, 80 ਪਲੇਟਾਂ, 100 ਚਮਚੇ ਤੇ 10 ਊਨੀ ਕੰਬਲ ਭੇਟ ਕੀਤੇ ਗਏ। ਬੱਚਿਆਂ ਨੇ ਰੰਗਾਰੰਗ ਸੱਭਿਆਚਾਰਕ ਪੇਸ਼ਕਾਰੀਆਂ ਨਾਲ ਪ੍ਰੋਗਰਾਮ 'ਚ ਉਤਸ਼ਾਹ ਦਾ ਮਾਹੌਲ ਬਣਾ ਦਿੱਤਾ। ਇਸ ਮੌਕੇ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਮੰਗੇਸ਼ ਸੂਦ, ਸੰਯੁਕਤ ਸਕੱਤਰ ਆਦਿਤਿਆ ਰਾਣਾ, ਰਾਜੀਵ ਬਜਾਜ, ਸੁਪਰਡੰਟ ਪੁਨੀਤ ਕੁਮਾਰ, ਡੀ. ਸੀ. ਪੀ. ਓ. ਹਰਪ੍ਰੀਤ ਕੌਰ, ਸੀ. ਡੀ. ਪੀ. ਓ. ਦਿਆ ਰਾਣੀ, ਬਲਜਿੰਦਰ ਸਿੰਘ, ਸੰਜੀਵਨ ਸਿੰਘ, ਪਵਨ ਕੁਮਾਰ, ਹਰਪ੍ਰੀਤ ਕੌਰ ਤੇ ਹੋਰ ਪਤਵੰਤੇ ਮੌਜੂਦ ਸਨ।

ਵਿਸ਼ਵਕਰਮਾ ਦਿਵਸ ਮਨਾਉਣ ਸੰਬੰਧੀ ਹੋਈ ਮੀਟਿੰਗ 'ਚ ਹਾਜ਼ਰ ਸੁਸਾਇਟੀ ਦੇ ਅਹੁਦੇਦਾਰ ਤੇ ਮੈਂਬਰ। ਤਸਵੀਰ : ਹਮਸ਼ਾਇਨ ਸਟੂਡੀਓ

ਬਾਬਾ ਵਿਸ਼ਵਕਰਮਾ ਦਿਵਸ ਮੌਕੇ ਬੂਥਗੜ੍ਹ 'ਚ ਸਮਾਗਮ 22 ਨੂੰ

ਹੁਸ਼ਿਆਰਪੁਰ, 19 ਅਕਤੂਬਰ (ਨਰਿੰਦਰ ਸਿੰਘ ਬੱਡਲਾ)-ਸ੍ਰੀ ਵਿਸ਼ਵਕਰਮਾ ਸਭਾ ਪਿੰਡ ਬੂਥਗੜ੍ਹ ਵਲੋਂ ਕਿਰਤ ਦੇ ਦੇਵਤਾ ਬਾਬਾ ਵਿਸ਼ਵਕਰਮਾ ਦੇ ਜਨਮ ਦਿਹਾੜੇ ਮੌਕੇ 50ਵਾਂ ਸਾਲਾਨਾ ਉਤਸਵ 22 ਅਕਤੂਬਰ ਨੂੰ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਪਿੰਡ ਬੂਥਗੜ੍ਹ ਵਿਖੇ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਪ੍ਰਬੰਧਕਾਂ ਦੀ ਹੋਈ ਇਕੱਤਰਤਾ ਮੌਕੇ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਸੁਖਵਿੰਦਰ ਸਿੰਘ ਕਲਸੀ, ਸਕੱਤਰ ਸਤਨਾਮ ਸਿੰਘ ਬੰਟੀ ਨੇ ਦੱਸਿਆ ਕਿ ਸਮਾਗਮ 'ਚ ਸਵਾਮੀ ਉਦੈ ਗਿਰੀ ਸਿਧੇਸ਼ਵਰ ਮੰਦਰ ਬੱਸੀ ਗੁਲਾਮ ਹੁਸੈਨ, ਬਾਬਾ ਗੁਰਦੇਵ ਸਿੰਘ ਬਜਵਾੜਾ, ਸਾਬਕਾ ਮੈਂਬਰ ਰਾਜ ਸਭਾ ਅਵਿਨਾਸ਼ ਰਾਏ ਖੰਨਾ ਤੇ ਚੇਅਰਮੈਨ ਸੰਦੀਪ ਸੈਣੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰਨਗੇ। ਉਨ੍ਹਾਂ ਦੱਸਿਆ ਕਿ ਸਵੇਰੇ ਹਵਨ ਯੱਗ ਉਪਰੰਤ ਧਾਰਮਿਕ ਸਮਾਗਮ ਹੋਵੇਗਾ, ਜਿਸ 'ਚ ਭਾਈ ਸੁਖਦੇਵ ਸਿੰਘ ਖੜੌਦੀ ਵਾਲੇ ਤੇ ਹੋਰ ਪ੍ਰਚਾਰਕ ਸੰਗਤਾਂ ਨੂੰ ਬਾਬਾ ਵਿਸ਼ਵਕਰਮਾ ਜੀ ਦੇ ਜੀਵਨ ਤੋਂ ਜਾਣੂ ਕਰਵਾਉਣਗੇ। ਇਸ ਮੌਕੇ ਮਹਿੰਦਰ ਪਾਲ ਧੀਮਾਨ, ਪ੍ਰਧਾਨ ਜਸਵੰਤ ਸਿੰਘ ਮਠਾਰੂ, ਅਮਿਤ ਮਠਾਰੂ, ਸਾਬਕਾ ਕੌਂਸਲਰ ਵਿਕਰਮਜੀਤ ਸਿੰਘ ਕਲਸੀ, ਕੁਲਦੀਪ ਸਿੰਘ, ਅਮਨ ਪ੍ਰਦੂਸ਼ਣ ਚੈੱਕ ਸੈਂਟਰ ਤੋਂ ਕੁਲਦੀਪ ਸਿੰਘ, ਰੁਪਿੰਦਰਜੀਤ ਸਿੰਘ ਰਾਜਾ, ਦਲਜਿੰਦਰ ਸਿੰਘ, ਆਦਿ ਸਮੇਤ ਸੰਗਤਾਂ ਹਾਜ਼ਰ ਸਨ।

ਆਦੇਸ਼ ਇੰਟਰਨੈਸ਼ਨਲ ਸਕੂਲ ਮਿਆਣੀ 'ਚ ਦੀਵਾਲੀ ਦਾ ਤਿਉਹਾਰ ਮਨਾਇਆ

ਮਿਆਣੀ, 19 ਅਕਤੂਬਰ (ਹਰਜਿੰਦਰ ਸਿੰਘ ਮੁਲਤਾਨੀ)-ਰੌਸ਼ਨੀਆਂ ਦਾ ਤਿਉਹਾਰ ਦੀਵਾਲੀ ਜਿਥੇ ਧਾਰਮਿਕ ਮਹੱਤਤਾ ਰੱਖਦਾ ਹੈ ਉਥੇ ਨੈਤਿਕ ਪੱਖੋਂ ਵੀ ਮਨੁੱਖਤਾ ਨੂੰ ਸਹੀ ਸੇਧ ਪ੍ਰਦਾਨ ਕਰਦਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਦੇਸ਼ ਇੰਟਰਨੈਸ਼ਨਲ ਸਕੂਲ ਲਖਿੰਦਰ ਮਿਆਣੀ 'ਚ ਸਕੂਲ ਦੇ ਚੇਅਰਮੈਨ ਡਾ. ਲਖਮੀਰ ਸਿੰਘ ਚੌਧਰੀ ਨੇ ਸਕੂਲ 'ਚ ਅਧਿਆਪਕਾ ਤੇ ਬੱਚਿਆਂ ਨਾਲ ਦੀਵਾਲੀ ਦਾ ਤਿਉਹਾਰ ਮਨਾਉਣ ਸਮੇਂ ਕੀਤਾ। ਇਸ ਸੰਬੰਧੀ ਸਕੂਲ ਦੇ ਪ੍ਰਿੰ. ਵਿਨੋਦ ਕੁਮਾਰ ਨੇ ਦੱਸਿਆ ਕਿ ਸਵੇਰ ਦੀ ਸਭਾ 'ਚ ਬੱਚਿਆਂ ਵਲੋਂ ਦੀਵਾਲੀ ਦੀ ਪਵਿੱਤਰਤਾ ਨੂੰ ਦਰਸਾਉਂਦੇ ਹੋਏ ਭਾਸ਼ਣ ਦੇ ਨਾਲ-ਨਾਲ ਕਵਿਤਾ ਅਤੇ ਗੀਤ ਵੀ ਪੇਸ਼ ਕੀਤੇ ਗਏ। ਬਾਅਦ 'ਚ ਸਕੂਲ ਦੇ ਵਿਦਿਆਰਥੀਆਂ ਪਹਿਲੀ ਤੋਂ ਪੰਜਵੀਂ ਤੱਕ ਚਾਰਟ ਮੇਕਿੰਗ, ਛੇਵੀਂ ਤੋਂ ਅੱਠਵੀਂ ਤੱਕ ਦੀਵਾ ਸਜਾਉਣ ਮੁਕਾਬਲੇ, ਨੌਵੀਂ ਤੋਂ ਬਾਰ੍ਹਵੀਂ ਤੱਕ ਰੰਗੋਲੀ ਮੁਕਾਬਲੇ ਕਰਵਾਏ ਗਏ, ਜਿਸ 'ਚ ਚਾਰਟ ਮੇਕਿੰਗ ਮੁਕਾਬਲੇ 'ਚ ਹਰਗੁਨ ਕੌਰ ਨੇ ਪਹਿਲਾ, ਹਰਨੀਤ ਕੌਰ ਨੇ ਦੂਜਾ, ਸ਼ਿਵ ਕੁਮਾਰ ਤੇ ਮਨਵੀਰ ਸਿੰਘ ਨੇ ਤੀਜਾ ਸਥਾਨ ਹਾਸਿਲ ਕੀਤਾ। ਦੀਵਾ ਸਜਾਉਣ ਮੁਕਾਬਲੇ 'ਚ ਦਿਲਜੋਤ ਅਤੇ ਹਰਗੁਣ ਨੇ ਪਹਿਲਾ, ਨਿਮਰਤ ਤੇ ਐਵਲੀਨ ਨੇ ਦੂਜਾ ਸਥਾਨ, ਜੈਸਮੀਨ ਤੇ ਸਮਾਈਲ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਰੰਗੋਲੀ ਮੁਕਾਬਲੇ ਵਿਚ ਗਿਆਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਪਹਿਲਾ, ਦਸਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਦੂਜਾ ਤੇ ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸ ਮੌਕੇ ਵਾਈਸ ਪ੍ਰਿੰ. ਲਵਨੀਤ ਕੌਰ ਤੋਂ ਇਲਾਵਾ ਸਮੂਹ ਸਟਾਫ਼ ਪ੍ਰਦੀਪ ਕੌਰ, ਗੁਰਕੀਰਤ ਕੌਰ, ਸ਼ੈਲਪ੍ਰੀਤ ਕੌਰ, ਗੁਰਪ੍ਰੀਤ ਕੌਰ, ਮਨਪ੍ਰੀਤ ਕੌਰ, ਪ੍ਰਜੀਤ ਕੌਰ, ਸਿਮਰਨਜੀਤ ਕੌਰ, ਰੁਪਿੰਦਰ ਕੌਰ, ਜਸਪਿੰਦਰ ਕੌਰ, ਜੋਤੀ ਸ਼ਰੂਤੀ, ਵਨਸ਼ਿਤਾ, ਆਸ਼ਨਾ, ਨਿਸ਼ਾ, ਅਯੂਸ਼ੀ, ਸਿਮਰਨਪ੍ਰੀਤ ਕੌਰ, ਮਧੂ ਬਾਲਾ, ਅੰਕਿਤਾ, ਸੰਦੀਪ ਕੌਰ, ਪ੍ਰਭਪ੍ਰੀਤ ਕੌਰ, ਗੀਤੂ ਬੇਦੀ, ਕਰਨ ਕੁਮਾਰ, ਗੀਤੂ, ਸ਼ਿਵਾਨੀ, ਮਮਤਾ, ਜਸਵਿੰਦਰ ਕੁਮਾਰ, ਸੰਗੀਤਾ, ਰੇਨੂੰ, ਕੁਲਦੀਪ ਕੌਰ, ਨਵਜੋਤ ਕੌਰ, ਮਮਤਾ, ਸੀਮਾ ਰਾਣੀ, ਗੁਰਕਮਲ ਕੌਰ ਆਦਿ ਹਾਜ਼ਰ ਸਨ।

ਆਦੇਸ਼ ਇੰਟਰਨੈਸ਼ਨਲ ਸਕੂਲ ਮਿਆਣੀ ਵਿਖੇ ਦੀਵਾਲੀ ਦੇ ਤਿਉਹਾਰ ਮਨਾਉਣ ਮੌਕੇ ਸਕੂਲ ਦੇ ਬੱਚੇ ਰੰਗੋਲੀ ਬਣਾਉਂਦੇ ਹੋਏ। ਤਸਵੀਰ : ਮੁਲਤਾਨੀ

ਸ਼ੂਟਿੰਗ ਕੰਪੀਟੀਸ਼ਨ 'ਚ ਪਿਉ-ਪੁੱਤ ਨੇ ਸੋਨੇ ਦੇ ਤਗਮੇ ਹਾਸਿਲ ਕਰਕੇ ਇਤਿਹਾਸ ਸਿਰਜਿਆ

ਦਸੂਹਾ, 19 ਅਕਤੂਬਰ (ਭੁੱਲਰ)-ਪੰਜਾਬ ਸਟੇਟ ਇੰਟਰ ਸਕੂਲ ਸ਼ੂਟਿੰਗ ਕੰਪੀਟੀਸ਼ਨ 2025 ਵਿਚ ਪਿਉ-ਪੁੱਤ ਨੇ ਸੋਨੇ ਦੇ ਤਗਮੇ ਹਾਸਿਲ ਕਰਕੇ ਨਵਾਂ ਇਤਿਹਾਸ ਸਿਰਜਿਆ। ਡਾ. ਕੁਲਦੀਪ ਸਿੰਘ ਮਿਨਹਾਸ ਤੇ ਉਨ੍ਹਾਂ ਦੇ ਬੇਟੇ ਦਿਸ਼ਾਂਤ ਠਾਕੁਰ ਨੇ ਪੰਜਾਬ ਰਾਈਫ਼ਲ ਸ਼ੂਟਿੰਗ ਐਸੋਸੀਏਸ਼ਨ ਵਲੋਂ ਕਰਵਾਈ ਗਈ, ਇਸ 60ਵੀਂਆਂ ਪੰਜਾਬ ਰਾਜ ਸ਼ੂਟਿੰਗ ਚੈਂਪੀਅਨਸ਼ਿਪ 2025 ਤੇ 25ਵੀਂ ਪੰਜਾਬ ਸਟੇਟ ਇੰਟਰ ਸਕੂਲ ਸ਼ੂਟਿੰਗ ਕੰਪੀਟੀਸ਼ਨ 2025 'ਚ ਭਾਗ ਲੈਂਦੇ ਹੋਏ ਦੋਨਾਂ ਨੇ ਪੰਜਾਬ ਪੱਧਰ ਤੇ ਜ਼ਿਲ੍ਹਾ ਹੁਸ਼ਿਆਰਪੁਰ ਦੀ ਪ੍ਰਤੀਨਿਧਤਾ ਕਰਦੇ ਹੋਏ ਸੋਨੇ ਦਾ ਤਗਮਾ ਹਾਸਿਲ ਕੀਤੇ। ਦਿਸ਼ਾਂਤ ਠਾਕੁਰ ਨੇ 25ਵੀਂ ਪੰਜਾਬ ਸਟੇਟ ਇੰਟਰ ਸਕੂਲ ਸ਼ੂਟਿੰਗ ਕੰਪੀਟੀਸ਼ਨ ਅੰਡਰ 19 ਦੇ ਵਰਗ 'ਚ ਭਾਗ ਲੈਂਦੇ ਹੋਏ ਪਹਿਲਾ ਸਥਾਨ ਹਾਸਿਲ ਕੀਤਾ ਅਤੇ ਸੋਨੇ ਦਾ ਤਗਮਾ ਹਾਸਿਲ ਕੀਤਾ ਅਤੇ ਉਨ੍ਹਾਂ ਦੇ ਪਿਤਾ ਡਾ. ਕੁਲਦੀਪ ਸਿੰਘ ਮਿਨਹਾਸ ਵਲੋਂ 50 ਮੀਟਰ ਫ੍ਰੀ ਪਿਸਟਲ ਦੇ ਮਾਸਟਰ ਪੁਰਸ਼ ਕੈਟਾਗਰੀ 'ਚ ਪਹਿਲਾ ਸਥਾਨ ਪ੍ਰਾਪਤ ਕਰਦੇ ਹੋਏ ਸੋਨੇ ਦਾ ਤਗਮਾ ਹਾਸਿਲ ਕੀਤਾ।

ਡਾਕਟਰ ਕੁਲਦੀਪ ਸਿੰਘ ਮਿਨਹਾਸ ਤੇ ਉਨ੍ਹਾਂ ਦਾ ਸਪੁੱਤਰ ਦਿਸ਼ਾਂਤ ਠਾਕੁਰ ਤਗਮੇ ਦਿਖਾਉਂਦੇ ਹੋਏ। ਤਸਵੀਰ : ਭੁੱਲਰ

ਜਨਮ ਦਿਨ ਮੁਬਾਰਕ

ਸੀਰਤ ਕੌਰ
ਪਿਤਾ : ਮਨਪ੍ਰੀਤ ਸਿੰਘ
ਮਾਤਾ : ਸਿਮਰਨਦੀਪ ਸਿੱਧੂ
ਵਾਸੀ : ਪਿੱਪਲਾਂਵਾਲਾ

ਵਰ੍ਹੇਗੰਢ ਮਨਾਈ

ਇੰਜ. ਸੁਭਾਸ਼ ਚੰਦ ਸ਼ਰਮਾ ਤੇ ਸ੍ਰੀਮਤੀ ਰਾਧਾ ਸ਼ਰਮਾ ਨਿਵਾਸੀ ਨੂਰਪੁਰ (ਹਿਮਾਚਲ ਪ੍ਰਦੇਸ਼) ਨੇ ਵਿਆਹ ਦੀ 45ਵੀਂ ਵਰ੍ਹੇਗੰਢ ਮਨਾਈ।

ਸਰ ਮਾਰਸ਼ਲ ਸਕੂਲ ਵਿਖੇ ਬੰਦੀ ਛੋੜ ਦਿਵਸ ਤੇ ਦੀਵਾਲੀ ਮਨਾਉਂਦੇ ਹੋਏ ਵਿਦਿਆਰਥੀ ਅਤੇ ਸਟਾਫ਼ ਮੈਂਬਰ।

ਸਰ ਮਾਰਸ਼ਲ ਸਕੂਲ 'ਚ ਮਨਾਇਆ ਦੀਵਾਲੀ ਤੇ ਬੰਦੀ ਛੋੜ ਦਿਵਸ

ਅੱਡਾ ਸਰਾਂ, 19 ਅਕਤੂਬਰ (ਮਸੀਤੀ)-ਚੇਅਰਮੈਨ ਰਜਿੰਦਰ ਸਿੰਘ ਮਾਰਸ਼ਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਸਰ ਮਾਰਸ਼ਲ ਕਾਨਵੈਂਟ ਸਕੂਲ ਨੈਣੋਵਾਲ ਵੈਦ ਵਿਖੇ ਦੀਵਾਲੀ ਤੇ ਬੰਦੀ ਛੋੜ ਦਿਵਸ ਵਿਦਿਆਰਥੀਆਂ ਤੇ ਅਧਿਆਪਕਾਂ ਵਲੋਂ ਮਨਾਇਆ। ਇਸ ਮੌਕੇ ਪ੍ਰਿੰਸੀਪਲ ਪਰਵਿੰਦਰ ਸਿੰਘ ਨੇ ਵਿਦਿਆਰਥੀਆਂ ਤੇ ਪੂਰੇ ਸਟਾਫ਼ ਨੂੰ ਇਸ ਪਵਿੱਤਰ ਦਿਹਾੜੇ ਦੀ ਵਧਾਈ ਦਿੰਦੇ ਹੋਏ ਇਤਿਹਾਸ ਤੋਂ ਜਾਣੂ ਕਰਵਾਇਆ। ਨਾਲ ਹੀ ਪ੍ਰਦੂਸ਼ਿਤ ਹੁੰਦੇ ਵਾਤਾਵਰਨ ਦੀ ਸੰਭਾਲ 'ਚ ਯੋਗਦਾਨ ਪਾਉਣ ਲਈ ਪਟਾਕਿਆਂ ਦੀ ਵਰਤੋਂ ਨਾ ਕਰ ਕੇ ਗ੍ਰੀਨ ਦੀਵਾਲੀ ਮਨਾਉਣ ਤੇ ਹੋਰ ਬੁਰੀਆਂ ਆਦਤਾਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਸਕੂਲ ਵਿਚ ਵਿਦਿਆਰਥੀਆਂ ਨੂੰ ਗ੍ਰੀਨ ਦੀਵਾਲੀ ਮਨਾਉਣ ਤੇ ਪਟਾਕਿਆਂ ਤੋਂ ਆਪਣੇ-ਆਪ ਨੂੰ ਅਤੇ ਆਪਣੇ ਪਰਿਵਾਰ ਨੂੰ ਸੁਰੱਖਿਅਤ ਰੱਖਣ ਲਈ ਜਾਗਰੂਕ ਕੀਤਾ। ਇਸ ਸੰਬੰਧ 'ਚ ਗ੍ਰੀਟਿੰਗ ਕਾਰਡ ਬਣਾਉਣ, ਪੋਸਟਰ ਮੇਕਿੰਗ ਤੇ ਦੀਵੇ ਸਜਾਉਣ ਆਦਿ ਪ੍ਰਤੀਯੋਗਤਾਵਾਂ ਕਰਵਾਈਆਂ ਗਈਆਂ। ਇਸੇ ਤਰ੍ਹਾਂ ਦੀਵਾਲੀ ਦੇ ਤਿਉਹਾਰ 'ਤੇ ਰੰਗੋਲੀ ਬਣਾਉਣ ਦੀ ਪ੍ਰਤੀਯੋਗਤਾ ਵੀ ਚਾਰ ਸਦਨਾਂ ਦੇ ਵਿਦਿਆਰਥੀਆਂ 'ਚ ਕਰਵਾਈ ਗਈ। ਪ੍ਰਤੀਯੋਗਤਾ 'ਚ ਵਿਦਿਆਰਥੀਆਂ ਵੱਲੋਂ ਰੰਗੋਲੀ ਬਣਾਉਣ ਦੀ ਕਲਾ ਦਾ ਪ੍ਰਦਰਸ਼ਨ ਕੀਤਾ, ਜਿਸ 'ਚ ਸਕਾਈ ਹਾਕਰ ਹਾਊਸ ਨੇ ਪਹਿਲਾ ਸਥਾਨ ਤੇ ਅਰਥ ਸ਼ੇਕਰ ਹਾਊਸ ਨੇ ਦੂਜਾ ਸਥਾਨ ਹਾਸਿਲ ਕੀਤਾ। ਇਸ ਮੌਕੇ ਵਾਈਸ ਪ੍ਰਿੰਸੀਪਲ ਸਰਬਜੀਤ ਕੌਰ, ਅਧਿਆਪਕ ਮਨਦੀਪ ਸਿੰਘ, ਕਿਰਨਦੀਪ ਕੌਰ, ਦਲਜੀਤ ਕੌਰ, ਇੰਦੂ, ਸਿਮਰਪ੍ਰੀਤ, ਅਮਨਦੀਪ ਕੌਰ, ਗੁਰਪ੍ਰੀਤ ਕੌਰ, ਮੋਨਿਕਾ, ਨਵਨੀਤ ਕੌਰ, ਪਰਮਦੀਪ ਕੌਰ, ਰਾਜਦੀਪ ਕੌਰ, ਬਬੀਤਾ, ਨੀਲਮਾ ਦੇਵੀ, ਇੰਦਰਵੀਰ ਕੌਰ, ਸੰਦੀਪ ਕੌਰ, ਰਾਜਪ੍ਰੀਤ ਕੌਰ, ਅਰਸ਼ਦੀਪ ਕੌਰ, ਰਮਨਦੀਪ ਕੌਰ, ਸੁਖਨਿੰਦਰ ਪਾਲ ਸਿੰਘ ਆਦਿ ਹਾਜ਼ਰ ਸਨ।

ਪਿੰਡ ਹਿੰਮਤਪੁਰ ਦੇ ਸਰਪੰਚ ਸੁਰਿੰਦਰ ਸਿੰਘ ਤੇ ਗੁਰਦੁਆਰਾ ਪ੍ਰਧਾਨ ਮਾਸਟਰ ਸੁੱਚਾ ਸਿੰਘ ਅਤੇ ਕੱਚੇ ਰਸਤੇ 'ਤੇ ਮਿੱਟੀ ਪਾਈ ਹੋਈ ਦਿਖਾਉਂਦੇ ਹੋਏ। ਤਸਵੀਰ : ਗੁਰਾਇਆ

ਹਿੰਮਤਪੁਰ ਵਾਸੀਆਂ ਨੇ ਹਲਕਾ ਵਿਧਾਇਕ ਐਡਵੋਕੇਟ ਕਰਨਵੀਰ ਘੁੰਮਣ ਤੋਂ ਸੜਕ ਬਣਾਉਣ ਦੀ ਕੀਤੀ ਮੰਗ

ਐਮਾਂ ਮਾਂਗਟ, 19 ਅਕਤੂਬਰ (ਗੁਰਾਇਆ)-ਹਲਕਾ ਦਸੂਹਾ ਅਧੀਨ ਪੈਂਦੇ ਪਿੰਡ ਹਿੰਮਤਪੁਰ ਦੇ ਸਮੂਹ ਪਿੰਡ ਵਾਸੀਆਂ ਤੇ ਪੰਚਾਇਤ ਮੈਂਬਰਾਂ ਦੀ ਇਕ ਮੀਟਿੰਗ ਸਰਪੰਚ ਸੁਰਿੰਦਰ ਸਿੰਘ, ਪ੍ਰਧਾਨ ਮਾਸਟਰ ਸੁੱਚਾ ਸਿੰਘ, ਜੈ ਦੇਵ ਸਿੰਘ, ਖ਼ਜ਼ਾਨਚੀ ਗੁਰਕੀਰਤ ਸਿੰਘ, ਜਗਤਾਰ ਸਿੰਘ, ਮੁਖ਼ਤਿਆਰ ਸਿੰਘ, ਬਲਵਿੰਦਰ ਸਿੰਘ, ਸੂਬੇਦਾਰ ਰਵੇਲ ਸਿੰਘ, ਹਰਜਿੰਦਰ ਸਿੰਘ, ਭੁਪਿੰਦਰ ਸਿੰਘ ਦੀ ਪ੍ਰਧਾਨਗੀ 'ਚ ਮੀਟਿੰਗ ਹੋਈ। ਮੀਟਿੰਗ 'ਚ ਸਰਬ ਸੰਮਤੀ ਦੇ ਨਾਲ ਪਿੰਡ ਵਾਸੀਆਂ ਨੇ ਹਲਕਾ ਵਿਧਾਇਕ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਤੋਂ ਮੰਗ ਕੀਤੀ ਹੈ ਕਿ ਸਾਡੇ ਪਿੰਡ ਦੇ ਗੁਰਦੁਆਰਾ ਕਲਗੀਧਰ ਸਾਹਿਬ ਤੋਂ ਲੈ ਕੇ ਹਾਈਵੇ ਨੂੰ ਜਾਂਦੀ ਲਿੰਕ ਰੋਡ ਜੋ ਕਿ ਪੂਰੀ ਤਰ੍ਹਾਂ ਨਾਲ ਕੱਚਾ ਰਸਤਾ ਹੈ ਉਸ 'ਤੇ ਪਿੰਡ ਵਾਸੀਆਂ ਤੇ ਐਨ. ਆਰ. ਆਈ. ਵੀਰਾਂ ਦੇ ਸਹਿਯੋਗ ਨਾਲ ਉਸ ਕੱਚੇ ਰਸਤੇ 'ਤੇ ਮਿੱਟੀ ਪਾਈ ਜਾ ਰਹੀ ਹੈ, ਨੂੰ ਪੱਕੀ ਸੜਕ ਬਣਾਉਣ ਦੀ ਮੰਗ ਕੀਤੀ ਜਾਂਦੀ ਹੈ। ਇਸ ਮੌਕੇ ਪਿੰਡ ਵਾਸੀਆਂ ਦਾ ਕਹਿਣਾ ਸੀ ਕਿ ਜਦੋਂ ਵੀ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਕੋਈ ਧਾਰਮਿਕ ਸਮਾਗਮ ਕਰਵਾਇਆ ਜਾਂਦਾ ਹੈ ਤਾਂ ਇਸ 'ਚ ਆਉਣ ਜਾਣ ਵਾਲੀ ਸੰਗਤ ਨੂੰ ਇਹ ਰਸਤਾ ਕੱਚਾ ਹੋਣ